# ਪ੍ਰੈਸ ਨੋਟ

ਸ੍ਰੀ ਮੁਕਤਸਰ ਸਾਹਿਬ ਪੁਲਿਸ ਵੱਲੋਂ ਅਪਰੇਸ਼ਨ ਈਗਲ-3 ਜ਼ਿਲਾ ਸਮੂਹ ਬੱਸ ਸਟੈਂਡ , ਰੇਲਵੇ ਸ਼ਟੇਸ਼ਨ ਵਿਖੇ ਚਲਾਇਆ ਸਰਚ ਅਭਿਆਨ

ਸ਼ਾਰਾਰਤੀ ਅਨਸਰਾਂ ਨੂੰ ਬਖਸ਼ਿਆ ਨਹੀ ਜਾਵੇਗਾ:- ਭਾਗੀਰਥ ਸਿੰਘ ਮੀਨਾ

ਸ੍ਰੀ ਮੁਕਤਸਰ ਸਾਹਿਬ( ) ਮਾਨਯੋਗ ਸ.ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ, ਸ੍ਰੀ ਗੋਰਵ ਯਾਦਵ ਡੀ.ਜੀ.ਪੀ ਪੰਜਾਬ ਅਤੇ ਸ ਗੁਰਸ਼ਰਨ ਸਿੰਘ ਸੰਧੂ ਆਈਜੀ ਪੀ ਫਰੀਦਕੋਟ ਰੇਂਜ ਫਰੀਦਕੋਟ ਦੀਆਂ ਹਦਾਇਤਾਂ ਤਹਿਤ ਸ੍ਰੀ ਭਾਗੀਰਥ ਸਿੰਘ ਮੀਨਾ ਆਈ.ਪੀ.ਐਸ. ਐਸ.ਐਸ.ਪੀ ਸ੍ਰੀ ਮੁਕਤਸਰ ਸਾਹਿਬ ਵੱਲੋਂ ਜਿੱਥੇ ਜਿਲ੍ਹਾ ਸ੍ਰੀ ਮੁਕਤਸਰ ਸਾਹਿਬ ਵਿੱਚ ਨਸ਼ਿਆਂ ਵਿਰੁੱਧ ਮੁਹਿੰਮ ਵਿੱਢੀ ਹੋਈ ਹੈ ਉੱਥੇ ਹੀ ਲੋਕਾਂ ਦੀ ਸੁਰੱਖਿਆ ਨੂੰ ਮੁੱਖ ਰੱਖਦਿਆ ਜਿਲ੍ਹਾਂ ਅੰਦਰ ਸਖਤ ਸੁਰੱਖਿਆ ਪ੍ਰਬੰਧ ਕੀਤੇ ਗਏ ਹਨ, ਜਿਸ ਤਹਿਤ ਰਾਤ ਦਿਨ ਪੀ.ਸੀ.ਆਰ.ਮੋਟਰ ਸਾਇਕਲ ਪੁਲਿਸ ਪਾਰਟੀਆਂ ਵੱਲੋਂ ਗਸ਼ਤ ਕੀਤੀ ਜਾ ਰਹੀ ਹੈ, ਉੱਥੇ ਹੀ ਡਰੋਨ ਕੈਮਰਿਆ ਰਾਹੀ ਸ਼ਹਿਰ ਅੰਦਰ ਨਿਗ੍ਹਾ ਰੱਖੀ ਜਾ ਰਹੀ ਹੈ। ਇਸੇ ਤਹਿਤ ਹੀ ਸ੍ਰੀ ਭਾਗੀਰਥ ਸਿੰਘ ਮੀਨਾ ਆਈ.ਪੀ.ਐਸ. ਐਸ.ਐਸ.ਪੀ ਸ੍ਰੀ ਮੁਕਤਸਰ ਸਾਹਿਬ ਦੀ ਅਗਵਾਈ ਹੇਠ ਸਬ ਡਵੀਜ਼ਨ ਸ੍ਰੀ ਮੁਕਤਸਰ ਸਾਹਿਬ, ਮਲੋਟ, ਗਿੱਦੜਬਾਹਾ, ਲੰਬੀ ਦੇ ਏਰੀਏ ਵਿੱਚ ਪੈਂਦੇ ਸਮੂਹ ਬੱਸ ਸਟੈਂਡ, ਰੇਲਵੇ ਸਟੇਸ਼ਨ ਵਿਖੇ ਅਪ੍ਰੇਸ਼ਨ ਈਗਲ-3 ਸਰਚ ਅਭਿਆਨ ਚਲਾਇਆ ਗਿਆ।

ਇਸ ਮੌਕੇ ਸ.ਸਤਨਾਮ ਸਿੰਘ ਡੀ.ਐਸ.ਪੀ ਸ੍ਰੀ ਮੁਕਤਸਰ ਸਾਹਿਬ, ਰਵਿੰਦਰ ਸਿੰਘ ਡੀ.ਐਸ.ਪੀ(ਐਚ),ਅਮਰੀਕ ਸਿੰਘ ਡੀ.ਐਸ.ਪੀ (ਹੋਮੀਸਾਈਡ ਐਂਡ ਫੋਰੈਂਸਿਕ),ਫਤਿਹ ਸਿੰਘ ਬਰਾੜ ਡੀ.ਐਸ.ਪੀ (ਮਲੋਟ), ਜਸਬੀਰ ਸਿੰਘ ਡੀ.ਐਸ.ਪੀ (ਗਿੱਦੜਬਾਹਾ) ਇੰਸਪੈਕਟਰ ਬਿਕਰਮਜੀਤ ਸਿੰਘ ਮੁੱਖ ਅਫਸਰ ਥਾਣਾ ਸਦਰ ਸ੍ਰੀ ਮੁਕਤਸਰ ਸਾਹਿਬ ਅਤੇ ਸਮੂਹ ਮੁੱਖ ਅਫਸਰਾਨ ਥਾਣਾ ਤੋਂ ਇਲਾਵਾ ਜਿਲੇ ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਵੱਲੋਂ ਸਾਂਝੇ ਤੌਰ ਤੇ ਅਪ੍ਰੇਸ਼ਨ ਈਗਲ-3 ਦੇ ਤਹਿਤ ਸਰਚ ਅਪ੍ਰੇਸ਼ਨ ਚਲਾਇਆ ਗਿਆ। ਇਸ ਮੌਕੇ ਪਾਇਸ ਐਪ ਦੀ ਵਰਤੋਂ ਨਾਲ ਸ਼ੱਕੀ ਪੁਰਸ਼ਾਂ ਨੂੰ ਚੈੱਕ ਕੀਤਾ ਗਿਆ। ਰੇਲਵੇ ਸਟੇਸ਼ਨ ਅਤੇ ਬੱਸ ਸਟੈਂਡ ਪਾਰਕਿੰਗ ਵਿੱਚ ਵਹੀਕਲਾਂ ਦੀ ਵਾਹਨ ਐਪ ਰਾਹੀਂ ਜਾਂਚ ਕੀਤੀ ਗਈ।

ਇਸ ਮੌਕੇ ਸ੍ਰੀ ਭਾਗੀਰਥ ਸਿੰਘ ਮੀਨਾ ਆਈ.ਪੀ.ਐਸ. ਐਸ.ਐਸ.ਪੀ ਸ੍ਰੀ ਮੁਕਤਸਰ ਸਾਹਿਬ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਅਪ੍ਰੇਸ਼ਨ ਈਗਲ-3 ਤਹਿਤ ਸ੍ਰੀ ਮੁੁਕਤਸਰ ਸਾਹਿਬ ਵਿਖੇ ਸਰਚ ਅਪ੍ਰੇਸ਼ਨ ਚਲਾਇਆ ਗਿਆ ਜਿਸ ਤੇ ਪੁਲਿਸ ਵੱਲੋਂ ਬੱਸ ਸਟੈਂਡ ਅਤੇ ਰੇਲਵੇ ਸ਼ਟੇਸ਼ਨ ਦੇ ਜਾਂਦੇ ਹੋਏ ਰਸਤਿਆਂ ਨੂੰ ਨਾਕਾ ਬੰਦੀ ਕਰਕੇ ਸੀਲ ਕੀਤਾ ਗਿਆ ਅਤੇ ਵਹੀਕਲਾਂ ਦੀ ਚੈਕਿੰਗ ਕੀਤੀ ਗਈ। ਇਸ ਤੋਂ ਬਾਅਦ ਬੱਸ ਸਟੈਂਡ ਅਤੇ ਰੇਲਵੇ ਸ਼ਟੇਸ਼ਨ ਅੰਦਰ ਬੈਗ, ਲਵਾਰਿਸ ਸਮਾਨ, ਪਾਰਕਿੰਗ ਵਿਚ ਲੰਮੇ ਸਮੇਂ ਤੋਂ ਖੜੇ ਵਹੀਕਲਾਂ ਅਤੇ ਬਿਨਾਂ ਨੰਬਰ ਪਲੇਟ ਦੇ ਵਹੀਕਲਾਂ ਨੂੰ ਚੈੱਕ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਇਸ ਅਪਰੇਸ਼ਨ ਵਿੱਚ 5 ਗ੍ਰਾਮ ਹੈਰੋਇਨ, 200 ਲੀਟਰ ਲਾਹਣ 20 ਬੋਤਲਾਂ ਨਜਾਇਜ਼ ਸ਼ਰਾਬ ਬਰਾਮਦ ਕਰ ਸਮੇਤ 03 ਵਿਅਕਤੀਆਂ ਨੂੰ ਕਾਬੂ ਕੀਤਾ ਗਿਆ ਹੈ ਇਸ ਦੇ ਨਾਲ ਹੀ ਜਿੰਨਾ ਵਹੀਕਲਾਂ ਨੇ ਟਰੈਫਿਕ ਨਿਯਮਾਂ ਦੀ ਉਲੰਘਣਾ ਕੀਤੀ ਉਹਨਾਂ 32 ਵਹੀਕਲਾਂ ਦੇ ਚਲਾਨ ਕੀਤੇ ਗਏ ਅਤੇ 01 ਵਹੀਕਲ ਦੇ ਕਾਗਜ਼ ਪੂਰੇ ਨਾ ਹੋਣ ਕਾਰਨ ਬਾਊਂਡ ਕੀਤਾ ਗਿਆ। ਉਨਾਂ ਕਿਹਾ ਕਿ ਕਿਸੇ ਵੀ ਸ਼ਰਾਰਾਤੀ ਅਨਸਰ ਨੂੰ ਬਖਸ਼ਿਆਂ ਨਹੀ ਜਾਵੇਗਾ। ਉਨ੍ਹਾ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਜੇਕਰ ਤੁਸੀ ਕੋਈ ਜਾਣਕਾਰੀ ਸਾਡੇ ਨਾਲ ਸਾਂਝੀ ਕਰਨਾ ਚਾਹੁੰਦੇ ਹੋ ਤਾਂ ਸਾਡੇ ਹੈਲਪ ਲਾਇਨ ਨੰਬਰ 80549-42100 ਤੇ ਸਪੰਰਕ ਕਰ ਸਕਦੇ ਹੋ। ਜਾਣਕਾਰੀ ਦੇਣ ਵਾਲੇ ਦਾ ਨਾਮ ਗੁਪਤ ਰੱਖਿਆ ਜਾਵੇਗਾ।